# ਤਲਵੰਡੀ ਸਾਬੋ ਪਾਵਰ ਲਿਮ: ਵੱਲੋਂ ਪਿੰਗਾੜ ਸਕੂਲ ਅੰਦਰ ਸਾਲਾਨਾ ਸਮਾਗਮ ਆਯੋਜਿਤ

## ਟੀ.ਐਸ.ਪੀ.ਐਲ ਵੱਲੋਂ ਮੱਲਾਂ ਮਾਰਨ ਵਾਲੇ ਵਿਦਿਆਰਥੀਆਂ ਨੂੰ ਟਰਾਫੀਆਂ ਅਤੇ ਹੋਰ ਸਨਮਾਨ ਚਿੰਨ੍ਹ ਦਿੱਤੇ

ਸੱਤਗੁਰ ਖੁਰਮੀ

ਮਾਨਸਾ, 28 ਫਰਵਰੀ। ਮਾਨਸਾ ਜ਼ਿਲ੍ਹੇ ਦੇ ਪਿੰਡ ਪਿੰਗਾੜ ਦੇ ਸਰਕਾਰੀ ਹਾਈ ਸਕੂਲ ਵਿੱਚ ਵਿਦਿਅਕ ਅਤੇ ਖੇਡ ਮੁਕਾਬਲੇ ਕਰਵਾਏ ਗਏ। ਇਸ ਸਾਲਾਨਾ ਸਮਾਗਮ ਦਾ ਆਯੋਜਨ ਤਲਵੰਡੀ ਸਾਬੋ ਪਾਵਰ ਲਿਮ: ਵੱਲੋਂ ਸਕੂਲ ਕਮੇਟੀ ਅਤੇ ਪੰਚਾਇਤ ਦੇ ਸਹਿਯੋਗ ਨਾਲ ਕਰਵਾਇਆ ਗਿਆ। ਇਸ ਮੌਕੇ ਕਰਵਾਏ ਮੁਕਾਬਲਿਆਂ ਵਿਚ ਸੌ ਮੀਟਰ ਰੇਸ ਵਿਚ ਰਾਕੇਸ਼ ਸਿੰਘ ਹੌਲੀ ਸਾਇਕਲ ਚਲਾਉਣ ਦੇ ਮੁਕਾਬਲੇ ਵਿਚ ਗੁਰਪ੍ਰੀਤ ਸਿੰਘ ਬੋਰੀ ਰੇਸ ਮੁਕਾਬਲੇ ਵਿੱਚ ਜਸਕਰਨ ਸਿੰਘ ਤਿੰਨ ਟੰਗੀ ਰੇਸ ਜਸਵੀਰ ਸਿੰਘ ਅੰਮ੍ਰਿਤਪਾਲ ਸਿੰਘ ਚਮਚਾ ਰੇਸ ਹਰਜੀਤ ਸਿੰਘ, ਲੜਕੀਆਂ ਦੇ ਮੁਕਾਬਲਿਆਂ ਵਿਚ ਕ੍ਰਮਵਾਰ ਕਿਰਨਾ ਕੌਰ, ਰਮਨਦੀਪ ਕੌਰ, ਗਗਨਦੀਪ ਕੌਰ, ਸਤਵੀਰ ਕੌਰ, ਅਮਨਦੀਪ ਕੌਰ, ਅਮਨਦੀਪ ਕੌਰ ਪਹਿਲੀਆਂ ਪੁਜੀਸ਼ਨਾਂ ਹਾਸਲ ਕੀਤੀਆਂ। ਇਸ ਮੌਕੇ ਪਿੰਡ ਵਾਸੀਆਂ ਅਤੇ ਬੱਚਿਆਂ ਦੇ ਇੱਕਠ ਨੂੰ ਸੰਬੋਧਨ ਕਰਦਿਆਂ ਬਲਜਿੰਦਰ ਸਿੰਘ ਮੁੱਖ ਅਧਿਆਪਕ ਜੋੜਕੀਆਂ, ਡਾ. ਵਿਸ਼ਾਲ, ਕਰਨ, ਮੁੱਖ ਅਧਿਆਪਕ ਅਵਤਾਰ ਸਿੰਘ ਪਿੰਗਾੜ, ਮੁੱਖ ਅਧਿਆਪਕ ਰਣਜੀਤ ਸਿੰਘ ਫੈਰਤ ਨੇ ਬੱਚਿਆਂ ਨੂੰ ਕੰਪਿਊਟਰ ਦੀ ਮਹੱਤਤਾ ਬਾਰੇ ਵਿਸਥਾਰ ਪੂਰਵਕ ਜਾਣਕਾਰੀ ਦਿੰਦੀ ਬੱਚਿਆਂ ਨੂੰ ਖੇਡਾਂ ਵੱਲ ਵਿਸ਼ੇਸ਼ ਧਿਆਨ ਦੇਣ ਲਈ ਕਿਹਾ। ਉਹਨਾਂ ਬੱਚਿਆਂ ਦੇ ਮਾਪਿਆਂ ਨੂੰ ਅਪੀਲ ਕੀਤੀ ਕਿ ਉਹ ਆਪਣੇ ਬੱਚਿਆਂ ਦੀ ਖੇਡਾਂ ਅਤੇ ਪੜ੍ਹਾਈ ਸੰਬੰਧੀ ਰੁਚੀ ਬਾਰੇ ਜਾਣਕਾਰੀ ਰੱਖਣ ਅਤੇ ਅਧਿਆਪਕਾਂ ਨਾਲ ਤਾਲਮੇਲ ਬਣਾ ਕੇ ਰੱਖਣ। ਕੰਪਨੀ ਅਧਿਕਾਰੀਆਂ ਨੇ ਕਿਹਾ ਕਿ ਸਾਡਾ ਮੁੱਖ ਟੀਚਾ ਸਕੂਲੀ



ਬੱਚਿਆਂ ਅੰਦਰ ਖੇਡਾਂ ਅਤੇ ਪੜ੍ਹਾਈ ਵੱਲ ਵਿਸ਼ੇਸ਼ ਧਿਆਨ ਦਿਵਾਉਣਾ ਹੈ। ਕੰਪਨੀ ਪੰਜਾਬੀ ਮਾਂ ਬੋਲੀ ਦੀ ਸੇਵਾ ਲਈ ਸਕੂਲਾਂ ਅੰਦਰ ਸਮਾਗਮ ਕਰਵਾ ਰਹੀ ਹੈ। ਇਸ ਮੌਕੇ ਮੁੱਖ ਮਹਿਮਾਨ ਸ੍ਰ. ਗੁਰਮੀਤ ਸਿੰਘ ਸਰਪੰਚ, ਸ੍ਰ. ਬਖੇਲ ਸਿੰਘ, ਤੇਜਾ ਸਿੰਘ ਰਿਟਾਇਰਡ ਅਧਿਆਪਕ, ਸਾਬਕਾ ਸਰਪੰਚ ਹਰਪਾਲ ਕੌਰ ਸਾਬਕਾ ਸਰਪੰਚ ਇੰਦਰ ਸਿੰਘ, ਸਾਬਕਾ ਸਰਪੰਚ ਮਹਿੰਦਰ ਸਿੰਘ ਤੋਂ ਇਲਾਵਾ ਸਕੂਲ ਸਟਾਫ ਪਿੰਡ ਦੇ ਪਤਵੰਤੇ ਬੰਦੇ ਅਤੇ ਔਰਤਾਂ ਸ਼ਾਮਲ ਸਨ।